# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 09-06-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਸ਼ਾਮ ਰਾਸ਼ਟਰਪਤੀ ਭਵਨ ਵਿਖੇ, ਨਾਮਜ਼ਦ ਪ੍ਰਧਾਨ ਮੰਤਰੀ - ਨਿਯੁਕਤ ਨਰੇਂਦਰ ਮੋਦੀ ਅਤੇ ਉਨ੍ਹਾਂ ਦੇ ਮੰਤਰੀ ਮੰਡਲ ਨੂੰ ਅਹੁਦੇ ਅਤੇ ਭੇਦ ਗੁਪਤ ਰੱਖਣ ਦੀ ਸਹੁੰ ਚੁਕਾਉਣਗੇ । ਰਾਸ਼ਟਰਪਤੀ ਨੇ ਸ੍ਰੀ ਮੋਦੀ ਨੂੰ ਸਰਕਾਰ ਬਣਾਉਣ ਦਾ ਸੱਦਾ ਦਿੱਤਾ ਸੀ । ਇਸ ਤੋਂ ਪਹਿਲਾਂ ਸ਼ੁੱਕਰਵਾਰ ਨੂੰ ਸ੍ਰੀ ਮੋਦੀ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ ਸੀ ਅਤੇ ਸਰਕਾਰ ਦੇ ਗਠਨ ਦਾ ਦਾਅਵਾ ਪੇਸ਼ ਕੀਤਾ ਸੀ। ਭਾਰਤੀ ਜਨਤਾ ਪਾਰਟੀ ਦੇ ਪ੍ਰਧਾਨ ਜਗਤ ਪ੍ਰਕਾਸ਼ ਨੱਡਾ ਦੀ ਅਗਵਾਈ ਹੇਠ, ਰਾਸ਼ਟਰੀ ਜਮਹੂਰੀ ਗਠਜੋੜ ਐਨ.ਡੀ.ਏ ਦੇ ਵਫ਼ਦ ਨੇ, ਰਾਸ਼ਟਰਪਤੀ ਨਾਲ ਮੁਲਾਕਾਤ ਕਰਕੇ ਸ੍ਰੀ ਮੋਦੀ ਨੂੰ BJP ਸੰਸਦੀ ਦਲ ਦਾ ਨੇਤਾ ਚੁਣੇ ਜਾਣ ਬਾਰੇ ਇੱਕ ਪੱਤਰ ਸੌਂਪਿਆ । ਜ਼ਿਕਰਯੋਗ ਏ ਕੀ ਸਹੁੰ ਚੁੱਕ ਸਮਾਗਮ ਲਈ ਕਈ

ਗੁਆਂਢੀ ਮੁਲਕਾਂ ਦੇ ਨੇਤਾਵਾਂ ਨੂੰ ਸੱਦਾ ਦਿੱਤਾ ਗਿਆ ਏ । ਵਿਦੇਸ਼ ਮੰਤਰਾਲੇ ਨੇ ਦੱਸਿਆ ਕਿ ਸ੍ਰੀਲੰਕਾ ਦੇ ਰਾਸ਼ਟਰਪਤੀ ਰਾਨਿਲ ਵਿਕਰਮ-ਸਿੰਘੇ, ਮਾਲਦੀਵ ਦੇ ਰਾਸ਼ਟਰਪਤੀ ਮੁਹੰਮਦ ਮੁਇਜ਼ੂ, ਸੇ-ਸ਼ੇਲਸ ਦੇ ਉਪ ਰਾਸ਼ਟਰਪਤੀ ਅਹਿਮਦ ਅਫੀਫ ਅਤੇ ਬੰਗਲਾਦੇਸ਼ ਦੀ ਪ੍ਰਧਾਨ ਮੰਤਰੀ ਸ਼ੇਖ ਹਸੀਨਾ, ਸਹੁੰ ਚੁੱਕ ਸਮਾਗਮ ਵਿੱਚ ਹਿੱਸਾ ਲੈਣ ਵਾਲਿਆਂ ਵਿਚ ਸ਼ਾਮਿਲ ਨੇ । ਦਿੱਲੀ ਪੁਲਿਸ ਨੇ ਸਹੁੰ ਚੁੱਕ ਸਮਾਗਮ ਦੇ ਮੱਦੇਨਜ਼ਰ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਨੇ ।

---------------------------------------------------------------

ਆਕਾਸ਼ਵਾਣੀ ਸਹੁੰ ਚੁੱਕ ਸਮਾਗਮ ਦਾ ਸਿੱਧਾ ਪ੍ਰਸਾਰਣ ਕਰੇਗਾ। ਇਹ ਪ੍ਰਸਾਰਣ ਦਿੱਲੀ ਦੇ FM ਗੋਲਡ, ਇੰਦਰਪ੍ਰਸਥ ਆਕਾਸ਼ਵਾਣੀ ਲਾਈਵ ਨਿਊਜ਼ ਚੈਨਲ ਅਤੇ ਯੂ-ਟਿਊਬ ਚੈਨਲ 'ਤੇ ਸ਼ਾਮ 6 ਵੱਜਕੇ 45 ਮਿੰਟ ਤੋਂ ਉਪਲਬਧ ਹੋਵੇਗਾ ।

---------------------------------------------------------------

ਕਾਂਗਰਸ ਦੀ ਸੀਨੀਅਰ ਨੇਤਾ ਸੋਨੀਆ ਗਾਂਧੀ ਨੂੰ ਸਰਬ-ਸੰਮਤੀ ਨਾਲ, ਕਾਂਗਰਸ ਸੰਸਦੀ ਦਲ ਦਾ ਪ੍ਰਧਾਨ ਚੁਣ ਲਿਆ ਗਿਆ ਏ ।

ਪਾਰਟੀ ਆਗੂ ਰਾਜੀਵ ਸ਼ੁਕਲਾ ਨੇ ਕਿਹਾ ਕਿ ਸ੍ਰੀਮਤੀ ਸੋਨੀਆ ਗਾਂਧੀ ਨੇ ਇਹ ਅਹੁਦਾ ਸਵੀਕਾਰ ਕਰ ਲਿਆ ਏ । ਇਸ ਤੋਂ ਪਹਿਲਾਂ ਕਾਂਗਰਸ ਵਰਕਿੰਗ ਕਮੇਟੀ ਨੇ ਸਰਬ-ਸੰਮਤੀ ਨਾਲ ਇੱਕ ਮਤਾ ਪਾਸ ਕਰਕੇ ਸੀਨੀਅਰ ਪਾਰਟੀ ਆਗੂ ਰਾਹੁਲ ਗਾਂਧੀ ਨੂੰ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਦੀ ਭੂਮਿਕਾ ਨਿਭਾਉਣ ਦੀ ਬੇਨਤੀ ਕੀਤੀ ਸੀ । ਵਰਕਿੰਗ ਕਮੇਟੀ ਨੇ ਕਿਹਾ ਏ ਕਿ ਰਾਹੁਲ ਗਾਂਧੀ ਦੀ ਅਗਵਾਈ ਵਿੱਚ ਕਾਂਗਰਸ ਇੱਕ ਮਜ਼ਬੂਤ ਅਤੇ ਚੌਕਸ ਵਿਰੋਧੀ ਧਿਰ ਦੀ ਭੂਮਿਕਾ ਨਿਭਾਏਗੀ ।

---------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਮੁਤਾਬਿਕ ਬਣਾਏ ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋ ਜਾਣਗੇ । ਇਨਾਂ ਵਿੱਚ ਔਰਤਾਂ ਤੇ ਬੱਚਿਆਂ ਪ੍ਰਤੀ ਜੁਰਮਾਂ ‘ਤੇ ਖਾਸ ਨਜ਼ਰ ਰੱਖੀ ਗਈ ਏ । ਜਿਣਸੀ ਜ਼ੁਰਮਾਂ ਨਾਲ ਨਜਿੱਠਣ ਲਈ, ‘ਔਰਤਾਂ ਤੇ ਬੱਚਿਆਂ ਪ੍ਰਤੀ ਅਪਰਾਧ‘ਨਾਂ ਦਾ ਇੱਕ ਨਵਾਂ ਅਧਿਆਇ ਸ਼ਾਮਿਲ ਕੀਤਾ ਗਿਆ

ਏ। ਕ਼ਾਨੂਨ ਖੇਤਰ ਨਾਲ ਜੁੜੇ ਮਾਹਰ ਇਨਾਂ ਕਾਨੂੰਨਾਂ ਨੂੰ ਕਾਫੀ ਫਾਇਦੇਮੰਦ ਦੱਸਦੇ ਨੇ।

---------------------------------------------------------------

ਪੰਜਾਬ ਦੇ ਲੋਕਾਂ ਦੀ ਸਹੂਲਤ ਲਈ, SHO ਤੋਂ ਲੈ ਕੇ ਸੀਨੀਅਰ ਅਧਿਕਾਰੀਆਂ ਨੂੰ, ਹੁਣ ਰੋਜ਼ਾਨਾ 11 ਵਜੇ ਤੋਂ ਦੁਪਹਿਰ ਇਕ ਵਜੇ ਤੱਕ ਆਪਣੇ ਦਫ਼ਤਰਾਂ ’ਚ ਬੈਠਣਾ ਹੋਵੇਗਾ। ਇਸ ਉਪਰਾਲੇ ਦੇ ਆਧਾਰ 'ਤੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਜਾਣਗੀਆਂ। ਇਸ ਸਬੰਧੀ ਹੁਕਮ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਵੱਲੋਂ ਦਿੱਤੇ ਗਏ ਨੇ। ਉਨ੍ਹਾਂ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ ਐਕਸ 'ਤੇ ਪੋਸਟ ਕਰਕੇ ਇਹ ਜਾਣਕਾਰੀ ਦਿੱਤੀ ਏ। ਲੋਕਾਂ ਵੱਲੋਂ ਆ ਰਹੀਆਂ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨ ਲਈ, ਪੁਲਿਸ ਮੁਖੀ ਵੱਲੋਂ ਇਹ ਫੈਸਲਾ ਲਿਆ ਗਿਆ ਏ। ਇਹ ਹੁਕਮ ਏ. DGP, IGP, DIG, ਪੁਲਿਸ ਕਮਿਸ਼ਨਰਾਂ, ਐਸ.ਐਸ.ਪੀ, ਸਬ-ਡਵੀਜ਼ਨਲ ਡੀ.ਐਸ.ਪੀ ਅਤੇ ਸਾਰੀਆਂ ਰੇਂਜਾਂ ਦੇ SHOs ਉੱਤੇ ਲਾਗੂ ਹੋਣਗੇ। ਇਹ ਹੁਕਮ ਸਾਰੇ ਕੰਮਕਾਜੀ

ਦਿਨਾਂ 'ਤੇ ਲਾਗੂ ਹੋਵੇਗਾ। ਪੁਲਿਸ ਮੁਖੀ ਨੇ ਸਪੱਸ਼ਟ ਕੀਤਾ ਏ ਕਿ ਸਾਰਿਆਂ ਨੂੰ ਇਨ੍ਹਾਂ ਹੁਕਮਾਂ ਦੀ ਪਾਲਣਾ ਕਰਨੀ ਪਵੇਗੀ।

-----------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਨੂੰ ਹੋਰ ਤੇਜ਼ ਕਰਦਿਆਂ, ਹਲਕਾ ਪੱਧਰ 'ਤੇ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕਰਵਾਉਣ ਦਾ ਫੈਸਲਾ ਕੀਤਾ ਗਿਆ ਏ। ਇਸ ਤਹਿਤ ਪ੍ਰਚਾਰਕ ਜਥੇ ਹਰ ਪਿੰਡ ਵਿਚ ਜਾ ਕੇ ਸਿੱਖੀ ਦਾ ਪ੍ਰਚਾਰ ਕਰਨਗੇ ਅਤੇ ਹਲਕੇ ਵਿਚ ਹੋਣ ਵਾਲੇ ਅੰਮ੍ਰਿਤ ਸੰਚਾਰ ਲਈ ਸੰਗਤਾਂ ਨੂੰ ਤਿਆਰ ਕਰਨਗੇ। ਇਹ ਗੁਰਮਤਿ ਪ੍ਰਚਾਰ ਵਹੀਰ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਤਾ-ਗੱਦੀ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ, ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਨੂੰ ਸਮਰਪਿਤ ਹੋਵੇਗੀ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿਚ, ਅੰਮ੍ਰਿਤਸਰ ਵਿਚ ਹੋਈ, ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ, ਇਸ ਨੂੰ ਸਿਧਾਂਤਕ ਪ੍ਰਵਾਨਗੀ ਦਿੱਤੀ ਗਈ। ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਇਸ ਸਾਲ ਸਤੰਬਰ ਮਹੀਨੇ ਵਿਚ ਚੌਥੇ ਪਾਤਸ਼ਾਹ ਜੀ ਦਾ 450 ਸਾਲਾ

ਗੁਰਤਾਗੱਦੀ ਦਿਵਸ ਅਤੇ ਤੀਜੇ ਪਾਤਸ਼ਾਹ ਜੀ ਦਾ 450 ਜੋਤੀ ਜੋਤਿ ਦਿਹਾੜਾ ਕੌਮੀ ਜਾਹੋ-ਜਲਾਲ ਨਾਲ ਮਨਾਏ ਜਾਣਗੇ। ਇਸ ਸਬੰਧ ਵਿਚ ਜ਼ੋਰਦਾਰ ਧਰਮ ਪ੍ਰਚਾਰ ਲਹਿਰ ਪੂਰੇ ਪੰਜਾਬ ਵਿਚ ਤੇਜ਼ ਕੀਤੀ ਜਾਵੇਗੀ।

---------------------------------------------------------

ਫ਼ਰੀਦਕੋਟ ਦੀ ਸਿਫ਼ਤ ਕੌਰ ਸਮਰਾ ਨੇ ਜਰਮਨੀ ਦੇ ਸ਼ਹਿਰ ਮਿਊਨਿਖ ਵਿਖੇ ਚੱਲ ਰਹੇ ਸੀਨੀਅਰ ਵਰਲਡ ਕੱਪ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਕਾਂਸੀ ਦਾ ਤਗਮਾ ਜਿੱਤਿਆ ਏ। ਇਸ ਜਿੱਤ ਨਾਲ ਉਸਨੇ ਫ਼ਰੀਦਕੋਟ, ਪੰਜਾਬ ਅਤੇ ਦੇਸ਼ ਦਾ ਨਾਮ ਇੱਕ ਵਾਰ ਫੇਰ ਦੇਸ਼-ਦੁਨੀਆਂ ਅੰਦਰ ਰੌਸ਼ਨ ਕੀਤਾ ਏ। ਇਸ ਸੀਨੀਅਰ ਵਰਲਡ ਕੱਪ ਵਿਚ 100 ਖਿਡਾਰੀਆਂ ਨੇ ਹਿੱਸਾ ਲਿਆ ਅਤੇ ਭਾਰਤ ਵੱਲੋਂ ਇਕਲੌਤੀ ਸਿਫ਼ਤ ਕੌਰ ਸਮਰਾ ਦੀ ਚੋਣ ਹੋਈ ਤੇ ਫ਼ਿਰ ਫ਼ਾਈਨਲ ਮੁਕਾਬਲੇ 'ਚ ਸਿਫ਼ਤ ਕੌਰ ਸਮਰਾ ਨੇ ਸ਼ਾਨਦਾਰ ਖੇਡ ਵਿਖਾਇਆ। ਉਲੰਪਿਕ ਤੋਂ ਪਹਿਲਾਂ ਸਿਫ਼ਤ ਕੌਰ ਦੀ ਇਸ ਅਹਿਮ ਪ੍ਰਾਪਤੀ ਤੇ ਹਰ ਪਾਸਿਓ ਸਮਰਾ ਪਰਿਵਾਰ ਨੂੰ ਵਧਾਈ ਮਿਲ ਰਹੀ ਏ।